**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਸਿੰਘ ਪੰਵਰ, (95922-16710)
ਪੁੱਤਰ ਲੇਟ ਸ਼੍ਰੀ ਭਗਤ ਸਿੰਘ ਪੰਵਰ,
ਪਿੰਡ ਪਿਪੋਲਾ, ਡਾਕਖਾਨਾ ਜਖਿੰਦਰ,
ਜ਼ਿਲ੍ਹਾ ਟੀਹਰੀ ਗੜ੍ਹਵਾਲ, ਉੱਤਰਾਖੰਡ-249123. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਇੰਸਪੈਕਟਰ ਜਨਰਲ ਆਫ
ਪੁਲਿਸ (ਹੈੱਡਕੁਆਰਟਰਜ਼), ਪੰਜਾਬ,
ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:558 /2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਵਿੰਦਰ ਸਿੰਘ, ਐਸ.ਆਈ. (83600-54302)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-04-2019, ਲੋਕ ਸੂਚਨਾ ਅਧਿਕਾਰੀ ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ (ਹੈੱਡਕੁਆਰਟਰਜ਼), ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 16-04-2019 ਨੂੰ ਸਪੀਡ ਪੋਸਟ ਰਾਹੀਂ ਡਾਇਰੈਕਟਰ ਜਨਰਲ ਆਫ ਪੁਲਿਸ ਨੂੰ ਭੇਜੀ ਗਈ ਸ਼ਿਕਾਇਤ ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-06-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 10-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੁਖਵਿੰਦਰ ਸਿੰਘ, ਐਸ.ਆਈ. ਨੇ ਪੱਤਰ ਨੰ:754/ਕਰਾਈਮ/ਆਰ.ਟੀ.ਆਈ. ਸੀ.ਸੀ., ਮਿਤੀ 10-09-2019 ਜਿਸ ਦਾ ਇੱਕ ਉਤਾਰਾ ਸ਼ਿਕਾਇ੍ਤਕਰਤਾ ਨੂੰ ਵੀ ਭੇਜਿਆ ਗਿਆ ਹੈ, ਪੇਸ਼ ਕਰਦੇ ਹੋਏ ਕਿਹਾ ਸ਼ਿਕਾਇਤਕਰਤਾ ਵੱਲੋਂ ਆਰ.ਟੀ.ਆਈ. ਤਹਿਤ ਸੂਚਨਾ ਪ੍ਰਾਪਤ ਕਰਨ ਲਈ ਦਰਖਾਸਤ ਮਿਤੀ 16-04-2019 ਨੂੰ ਡੀ.ਜੀ.ਪੀ. ਪੰਜਾਬ ਨੂੰ ਭੇਜੀ ਗਈ ਸੀ, ਜੋ ਕਿ ਰਿਕਾਰਡ ਮੁਤਾਬਿਕ ਉਨ੍ਹਾਂ ਦੇ ਦਫ਼ਤਰ ਵਿੱਚ ਪ੍ਰਾਪਤ ਨਹੀਂ ਹੋਈ। ਹਥਲੇ ਸ਼ਿਕਾਇਤ ਕੇਸ ਵਿੱਚ ਜੋ ਮਿਤੀ 30-04-2019 ਰਾਹੀਂ ਜੋ ਸੂਚਨਾ ਮੰਗੀ/ਦਸਤਾਵੇਜਾਂ ਦੀ ਮੰਗ ਕੀਤੀ ਗਈ ਹੈ, ਕੋਈ ਸਪੱਸ਼ਟ ਸੂਚਨਾ ਨਹੀਂ ਮੰਗੀ ਗਈ। ਇਸ ਕਰਕੇ ਪ੍ਰਾਰਥੀ ਨੂੰ ਸੂਚਨਾ ਮੁਹੱਈਆ ਕਰਾਉਣੀ ਅਸੰਭਵ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਭੇਜੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੁਲਦੀਪ ਸਿੰਘ, (77105-81878)
ਪੁੱਤਰ ਸ਼੍ਰੀ ਦਰਸ਼ਨ ਸਿੰਘ,
ਪਿੰਡ ਖੋਟੇ ਤਹਿਸੀਲ ਨਿਹਾਲ ਸਿੰਘ ਵਾਲਾ,
ਜ਼ਿਲ੍ਹਾ ਮੋਗਾ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਜਨਰਲ,
ਪੁਲਿਸ, ਪੰਜਾਬ, ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:546/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਵਿੰਦਰ ਸਿੰਘ, ਐਸ.ਆਈ. (83600-54302) ਅਤੇ ਸ਼੍ਰੀ ਛਿੰਦਰਪਾਲ ਸਿੰਘ, ਏ.ਐਸ.ਆਈ. (80541-00519) ਦਫਤਰ ਸੀਨੀਅਰ ਕਪਤਾਨ, ਪੁਲਿਸ, ਮੋਗਾ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-05-2019, ਮੁੱਖ ਸਕੱਤਰ, ਪੰਜਾਬ ਸਰਕਾਰ, ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਇੱਕ ਪ੍ਰਤੀਬੇਨਤੀ ਜਿਹੜੀ ਕਿ ਉਸ ਵੱਲੋਂ ਰਾਸ਼ਟਰਪਤੀ ਭਵਨ ਵਿਖੇ ਦਿੱਤੀ ਗਈ ਸੀ ਅਤੇ ਰਾਸ਼ਟਰਪਤੀ ਭਵਨ ਨੇ ਉਸ ਦੀ ਪ੍ਰਤੀਬੇਨਤੀ ਆਪਣੇ ਨੰ:ਪੀ2/ਸੀ//30081/8008, ਮਿਤੀ 30-08-2018 ਰਾਹੀਂ ਪੰਜਾਬ ਸਰਕਾਰ ਨੂੰ ਭੇਜੀ ਗਈ ਸੀ, ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਪੰਜਾਬ ਸਰਕਾਰ, ਆਮ ਰਾਜ ਪ੍ਰਬੰਧ ਵਿਭਾਗ (ਆਮ ਤਾਲਮੇਲ ਸ਼ਾਖਾ) ਵੱਲੋਂ ਉਸ ਦੀ ਪ੍ਰਤੀਬੇਨਤੀ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਨੂੰ ਅਗਲੇਰੀ ਕਾਰਵਾਈ ਲਈ ਭੇਜ਼ ਦਿੱਤੀ ਗਈ ਸੀ। ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ, ਚੰਡੀਗੜ੍ਹ ਨਾਲ ਹੋਣ ਕਾਰਨ, ਲੋਕ ਸੂਚਨਾ ਅਧਿਕਾਰੀ ਦਫ਼ਤਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ ਅਰਜ਼ੀ, ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ, ਚੰਡੀਗੜ੍ਹ ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-06-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੁਖਵਿੰਦਰ ਸਿੰਘ, ਐਸ.ਆਈ. ਨੇ ਪੱਤਰ ਨੰ:753/ਆਰ.ਟੀ.ਆਈ. ਸੀ.ਸੀ., ਮਿਤੀ 06-09-2019 ਜਿਸ ਦਾ ਇੱਕ ਉਤਾਰਾ ਸ਼ਿਕਾਇ਼ਤਕਰਤਾ ਨੂੰ ਵੀ ਭੇਜਿਆ ਗਿਆ ਹੈ, ਪੇਸ਼ ਕਰਦੇ ਹੋਏ ਕਿਹਾ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਲੋਕ ਸੂਚਨਾ ਅਧਿਕਾਰੀ ਦਫ਼ਤਰ ਸੀਨੀਅਰ ਕਪਤਾਨ, ਪੁਲਿਸ, ਮੋਗਾ ਨੂੰ ਭੇਜ ਕੇ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਾਉਣ ਲਈ ਹਦਾਇਤ ਕੀਤੀ ਗਈ ਹੈ। ਹਾਜ਼ਰ

ਪਰਤੋ ਜੀ ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:546/2019**

ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਛਿੰਦਰਪਾਲ ਸਿੰਘ, ਏ.ਐਸ.ਆਈ. ਦਫਤਰ ਸੀਨੀਅਰ ਕਪਤਾਨ, ਪੁਲਿਸ, ਮੋਗਾ ਨੇ ਪੱਤਰ ਨੰ:10591-93/ਸੀ, ਮਿਤੀ 09-09-2019 ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫਤਰ ਸੀਨੀਅਰ ਕਪਤਾਨ, ਪੁਲਿਸ, ਮੋਗਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 10 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ, ਮੋਗਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੇਵਿੰਦਰ ਵਿੱਜ, (78887-26267)
#6190, MHC, MM,
ਚੰਡੀਗੜ੍ਹ-160101. ----- ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ, ਪੁਲਿਸ (ਦਿਹਾਤੀ), ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ, ਪੁਲਿਸ,
ਅੰਮ੍ਰਿਤਸਰ। ------ਉੱਤਰਦਾਤਾ

**ਅਪੀਲ ਕੇਸ ਨੰ:2213/2019**

**ਹਾਜ਼ਰ:-**

1) ਸ਼੍ਰੀ ਦੇਵਿੰਦਰ ਵਿੱਜ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਨੋਹਰ ਲਾਲ, ਏ.ਐਸ.ਆਈ .(97800-10485)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-02-2019, ਲੋਕ ਸੂਚਨਾ ਅਧਿਕਾਰੀ ਦਫਤਰ ਕਮਿਸ਼ਨਰ, ਪੁਲਿਸ (ਦਿਹਾਤੀ), ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼ਿਕਾਇਤ ਨੰ:5751-88, ਮਿਤੀ 20-12-2018 ਦੀ ਇੰਨਵੈਸਟੀਗੇਟਿੰਗ ਅਫਸਰ, ਈ.ਓ.ਡਬਲਿਯੂ-1, ਦਿਹਾਤੀ ਵੱਲੋਂ ਕੀਤੀ ਗਈ ਜਾਂਚ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 23-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮਨੋਹਰ ਲਾਲ, ਏ.ਐਸ.ਆਈ . ਨੇ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਸੂਚਨਾ ਦੇ ਦਿੱਤੀ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰੋਹਿਤ ਸੱਭਰਵਾਲ (ਪ੍ਰਧਾਨ),
ਕੁੰਦਨ ਭਵਨ,126, ਮਾਡਲ ਗਰਾਮ,
ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਪੁਲਿਸ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਕਮਿਸ਼ਨਰ, ਪੁਲਿਸ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:2206/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨਦੇਵ ਸਿੰਘ, ਐਸ.ਆਈ .(78887-41866)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-03-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2016, 2017 ਅਤੇ 2018 ਨਾਲ ਸਬੰਧਤ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਨੂੰ ਲਾਗੂ ਕਰਨ ਲਈ ਇਸ ਐਕਟ ਦੀ ਧਾਰਾ 25 ਤਹਿਤ ਕੀਤੀ ਗਈ ਕਾਰਵਾਈ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 20-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ ਸਿੰਘ, ਐਸ.ਆਈ . ਨੇ ਨੇ ਪੱਤਰ ਨੰ:ਏ.ਸੀ. ਨੰ:2206/ਆਰ.ਟੀ.ਆਈ., ਮਿਤੀ 07-09-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਨੁਕਤਾ-ਵਾਰ ਸੂਚਨਾ ਪਹਿਲਾਂ ਹੀ ਦੋ ਵਾਰ ਉਨ੍ਹਾਂ ਦੇ ਪੱਤਰ ਨੰ:881/ਆਰ.ਟੀ.ਆਈ., ਮਿਤੀ 26-03-2019 ਅਤੇ ਨੰ84/ਆਰ.ਟੀ.ਆਈ., ਮਿਤੀ 22-04-2019 ਰਾਹੀਂ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਮਨਜੀਤ ਕੌਰ, (85289-61999)
ਪੁੱਤਰੀ ਸ਼੍ਰੀ ਪਰਗਟ ਸਿੰਘ,
ਵਾਸੀ ਮਕਾਨ ਨੰ:353-21-ਈ.ਵਾਈ.,
ਨਿਊ ਆਤਮ ਨਗਰ, ਜਗਰਾਓਂ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਪੁਲਿਸ, ਜਗਰਾਓਂ, ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੰਜਾਬ ਪੁਲਿਸ (ਹੈਡਕੁਆਰਟਰਜ਼),
ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:2203/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਜਿੰਦਰ ਕੁਮਾਰ,ਏ.ਐਸ.ਆਈ .(84271-62130), ਪੁਲਿਸ ਸਟੇਸ਼ਨ ਜਗਰਾਓਂ (ਸਿਟੀ)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-12-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਪੁਲਿਸ, ਜਗਰਾਓਂ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਐਨ.ਡੀ.ਪੀ.ਐਸ. ਐਕਟ, ਦੀ ਧਾਰਾ 15/61/85 ਤਹਿਤ ਦਰਜ ਐਫ.ਆਈ.ਆਰ.ਨੰ:159/11 ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 19-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਕਮਿਸ਼ਨ ਵੱਲੋਂ ਅਪੀਲਕਰਤਾ ਨੂੰ ਮਿਤੀ 10-09-2019 ਦੀ ਸੁਣਵਾਈ ਲਈ ਭੇਜਿਆ ਗਿਆ ਨੋਟਿਸ ਬਿਨ੍ਹਾਂ ਕਿਸੇ ਰਿਮਾਰਕਸ ਦੇ ਡਾਕਖਾਨੇ ਵੱਲੋਂ ਅਣ-ਵੰਡਿਆ ਵਾਪਸ ਆ ਗਿਆ ਹੈ। ਦਫਤਰ ਵੱਲੋਂ ਅਪੀਲਕਰਤਾ ਵੱਲੋਂ ਦੱਸੇ ਗਏ ਮੁਬਾਇਲ ਨੰ:85289-61999 ਤੇ ਉਸ ਨੂੰ ਕੰਨਟੈਕਟ ਕਰਨ ਦੀ ਕੋਸ਼ਿਸ਼ ਵੀ ਕੀਤੀ ਗਈ ਪਰੰਤੂ ਉਸ ਵੱਲੋਂ ਫੋਨ **ਅਟੈਂਡ** ਨਹੀਂ ਕੀਤਾ ਗਿਆ।

3. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਜਿੰਦਰ ਕੁਮਾਰ,ਏ.ਐਸ.ਆਈ ਨੇ ਨੇ ਪੱਤਰ ਨੰ:177/ਐਸ.ਏ./ਆਰ.ਟੀ.ਆਈ., ਮਿਤੀ 09-09-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਸੂਚਨਾ ਪਹਿਲਾਂ ਹੀ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਨੂੰ ਸੁਣਵਾਈ ਨੋਟਿਸ ਵਾਪਸ ਭੇਜਿਆ ਜਾਂਦਾ ਹੈ। ਇਸ ਤੋਂ ਇਲਾਵਾ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 09-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਮੇਸ਼ ਕੁਮਾਰ, (98781-09228)
ਮਕਾਨ ਨੰ: 231, ਵੀਰ ਕਲੋਨੀ,
ਬਠਿੰਡਾ-151001. ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ, ਪੰਜਾਬ ਸਰਕਾਰ,
ਪ੍ਰਸੋਨਲ ਵਿਭਾਗ, ਚੰਡੀਗੜ੍ਹ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:326/2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਮੀਤ ਸਿੰਘ,ਸੀਨੀਅਰ ਸਹਾਇਕ (84270-08852)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 14-08-2019 ਤੇ ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 13-08-2019 ਨਾਲ ਭੇਜੇ ਗਏ ਪੱਤਰ, ਮਿਤੀ 13-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਪੇਸ਼ੀ ਲਈ ਅਗਲੀ ਮਿਤੀ ਲਈ ਬੇਨਤੀ ਕੀਤੀ ਸੀ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਸੀ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਮੀਤ ਸਿੰਘ, ਸੀਨੀਅਰ ਸਹਾਇਕ, ਨੇ ਜਵਾਬ ਪੇਸ਼ ਕੀਤਾ ਜੋ ਕਿ ਪੜ੍ਹਨਯੋਗ ਨਾ ਹੋਣ ਕਾਰਨ ਵਾਪਸ ਕਰ ਦਿੱਤਾ ਗਿਆ। ਹਾਜ਼ਰ ਉੱਤਰਦਾਤਾ ਨੇ ਕਿਹਾ ਕਿ ਉਨ੍ਹਾਂ ਕੋਲ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਉਪਲਬਧ ਨਹੀਂ ਹੈ। ਹਾਜ਼ਰ ਉੱਤਰਦਾਤਾ ਨੂੰ ਆਰ.ਟੀ.ਆਈ. ਅਰਜ਼ੀ ਦੀ ਕਾਪੀ ਦਸਤੀ ਦਿੰਦੇ ਹੋਏ ਵਿਸਥਾਰ-ਪੂਰਵਕ ਕਾਰਵਾਈ ਰਿਪੋਰਟ ਪੇਸ਼ ਕਰਨ ਦੀ ਹਦਾਇਤ ਕੀਤੀ ਗਈ। ਹਾਜ਼ਰ ਉੱਤਰਦਾਤਾ ਨੇ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦਾ ਭਰੋਸਾ ਦਿੰਦੇ ਹੋਏ ਸਮੇਂ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 09-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 10 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਰਜਨੀ ਗੁਪਤਾ, (79867-99578)
ਪਤਨੀ ਸ਼੍ਰੀ ਅਨੁਰਾਗ ਗੁਪਤਾ,
ਛਾਹੜੀਆਂ ਮੁਹੱਲਾ (Charrian Mohala ),
ਗਲੀ ਰਾਜਾ ਰਾਮ, ਸੁਨਾਮ, ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਸੁਨਾਮ ਊਧਮ ਸਿੰਘ ਵਾਲਾ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਉਪ ਮੰਡਲ ਮੈਜਿਸਟਰੇਟ,
ਸੁਨਾਮ ਊਧਮ ਸਿੰਘ ਵਾਲਾ, ਜ਼ਿਲ੍ਹਾ ਸੰਗਰੂਰ। -------ਉੱਤਰਦਾਤਾ

**ਅਪੀਲ ਕੇਸ ਨੰ: 1964/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਸੁਨਾਮ ਊਧਮ ਸਿੰਘ ਵਾਲਾ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 22-05-2018 ਨੂੰ ਰਜਿਸਟਰਡ ਪੋਸਟ ਨੰ:ਆਰ.ਪੀ.-619609850-ਆਈ.ਐਨ ਰਾਹੀਂ ਭੇਜੀ ਗਈ ਸ਼ਿਕਾਇਤ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 21-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਸੁਨਾਮ ਵੱਲੋਂ ਰਿਕਾਰਡ ਵਿੱਚ ਮੌਜੂਦ ਸੂਚਨਾ ਉਸ ਨੂੰ ਦੇ ਦਿੱਤੀ ਗਈ ਹੈ ਜਿਸ ਕਰਕੇ ਉਸ ਵੱਲੋਂ ਕੇਸ ਡਿਸਪੋਜ਼ ਆਫ ਕਰਨ ਲਈ ਬੇਨਤੀ ਬੇਨਤੀ ਕੀਤੀ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 10 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਘਵੀਰ ਸਿੰਘ, (96468-00472)
ਪੁੱਤਰ ਮਲਕੀਤ ਸਿੰਘ,
ਮਕਾਨ ਨੰ 365, ਨਵੀਂ ਅਨਾਜ ਮੰਡੀ ,
ਬੈਂਕ ਕਲੌਨੀ,ਸਰਹਿੰਦ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ-ਕਮ-
ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ,
ਵਿਜੀਲੈਂਸ ਬਿਊਰੋ, ਪੰਜਾਬ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ-ਕਮ-
ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ,
ਵਿਜੀਲੈਂਸ ਬਿਊਰੋ, ਪੰਜਾਬ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ: 2017 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਸੀ.ਐਲ. ਪ੍ਰੇਮੀ, ਐਡਵੋਕੇਟ (98886-96455)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-11-2018, ਲੋਕ ਸੂਚਨਾ ਅਧਿਕਾਰੀ-ਕਮ- ਸਹਾਇਕ ਇੰਸਪੈਕਟਰ ਜਨਰਲ ਆਫ ਪੁਲਿਸ, ਵਿਜੀਲੈਂਸ ਬਿਊਰੋ, ਪੰਜਾਬ, ਮੁਹਾਲੀ ਦਫਤਰ ਡਾਇਰੈਕਟਰ, ਵਿਜੀਲੈਂਸ ਬਿਊਰੋ, ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2001 ਵਿੱਚ ਪੰਜਾਬ ਸਕੂਲ ਸਿੱਖਿਆ ਬੋਰਡ ਵਿੱਚ 134 ਕਲਰਕਾਂ ਦੀ ਨਿਯੁਕਤੀ ਬਾਰੇ ਚੌਕਸੀ ਵਿਭਾਗ ਵੱਲੋਂ ਕੀਤੀ ਗਈ ਪੜਤਾਲ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 20-08-2019 ਤੇ ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਹਾਜ਼ਰ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. ਨੇ ਪੱਤਰ ਨੰ:716/ਵਬ/ਅ.ਅ.ਸ਼ਾਖਾ, ਮਿਤੀ 16-08-2019 ਜਿਸ ਦਾ ਇੱਕ ਉਤਾਰਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਸੀ, ਪੇਸ਼ ਕਰਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ।

3. ਅਪੀਲਕਰਤਾ ਵੱਲੋਂ ਸ਼੍ਰੀ ਸੀ.ਐਲ. ਪ੍ਰੇਮੀ, ਐਡਵੋਕੇਟ ਅਤੇ ਸ਼੍ਰੀਮਤੀ ਅਮਰਜੀਤ ਕੌਰ, ਐਡਵੋਕੇਟ ਉੱਤਰਦਾਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਹਾਜ਼ਰ ਹੋਏ ਸਨ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਏ ਜਵਾਬ ਬਾਰੇ ਕੋਈ ਇਤਰਾਜ਼ ਹੋਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ।ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਪੇਸ਼ੀ ਤੇ ਹਾਜ਼ਰ, ਸ਼੍ਰੀ ਸੀ.ਐਲ. ਪ੍ਰੇਮੀ, ਐਡਵੋਕੇਟ ਨੇ ਆਪਣਾ ਲਿਖਤੀ ਜਵਾਬ, ਮਿਤੀ 26-08-2019

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 2017 /2019

ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ।ਉਨ੍ਹਾਂ ਵੱਲੋਂ ਇਸ ਜਵਾਬ ਦੀ ਕਾਪੀ ਵੀ ਉੱਤਰਦਾਤਾ ਨੂੰ ਭੇਜੀ ਹੋਈ ਹੈ।

5. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਸ਼੍ਰੀ ਰਾਜੇਸ਼ ਕੁਮਾਰ, ਐਸ.ਆਈ. ਨੇ ਪੱਤਰ ਨੰ:667/ਵਬ/ਅ.ਅ. ਸ਼ਾਖਾ, ਮਿਤੀ 09-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸ ਦੇ ਕਿਸੇ ਰਿਸ਼ਤੇਦਾਰ ਦੀ ਮੌਤ ਹੋ ਜਾਣ ਕਾਰਨ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦੇ । ਇਸ ਲਈ ਉਨ੍ਹਾਂ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

6. ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਉਸ ਨੂੰ ਅਪੀਲਕਰਤਾ ਦੇ ਜਵਾਬ ਦੇ ਸਬੰਧ ਵਿੱਚ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 30-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 10 **ਸਤੰਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਰੁਣ ਗੋਇਲ, (94638-86161)
ਮਕਾਨ ਨੰ:1188 ਕ੍ਰਿਸ਼ਨਾ ਨਗਰ,
ਰੇਲਵੇ ਰੋਡ ਜਗਰਾਓਂ, ਜ਼ਿਲ੍ਹਾ ਲੁਧਿਆਣਾ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਖਾਲਸਾ ਕਾਲਿਜ ਫਾਰ ਵੂਮੈਂਨ,
ਸਿਧਵਾਂ ਖੁਰਦ, ਜ਼ਿਲ੍ਹਾ ਲੁਧਿਆਣਾ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 521/2019**

**ਹਾਜ਼ਰ:-**

1) ਸ਼੍ਰੀ ਵਰੁਣ ਗੋਇਲ, ਸ਼ਿਕਾਇਤਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਬਲਦੇਵ ਕੌਰ ਮਾਨ, ਆਫਿਸ ਸੁਪਰਡੰਟ (94643-62394) ਸਮੇਤ ਸ਼੍ਰੀ ਐਸ.ਕੇ. ਸੰਧੀਰ, ਐਡਵੋਕੇਟ (94171-85551, 99149-85551)

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-03-2018, ਲੋਕ ਸੂਚਨਾ ਅਧਿਕਾਰੀ ਦਫਤਰ ਖਾਲਸਾ ਕਾਲਿਜ ਫਾਰ ਵੂਮੈਂਨ, ਸਿਧਵਾਂ ਖੁਰਦ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੱਤਰ ਨੰ:ਵੀ.ਜੀ./ਪੀ.ਈ.ਆਰ.ਐਸ./227, ਮਿਤੀ 16-02-2019 ਜ਼ੋ ਕਿ ਪ੍ਰਿੰਸੀਪਲ ਵੱਲੋਂ ਸ਼ਿਕਾਇਤਕਰਤਾ ਨੂੰ ਭੇਜਿਆ ਗਿਆ ਸੀ, ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-06-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-07-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿੱਛਲੀ ਪੇਸ਼ੀ, ਮਿਤੀ 20-08-2019 ਤੇ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਐਸ.ਕੇ. ਸੰਧੀਰ, ਐਡਵੋਕੇਟ ਨੇ ਆਪਣਾ ਵਕਾਲਤ-ਨਾਮਾ, ਮਿਤੀ 20-08-2019, ਪੇਸ਼ ਕਰਦੇ ਹੋਏ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਕੁੱਝ ਸਮੇਂ ਦੀ ਮੰਗ ਕੀਤੀ ਸੀ। ਉੱਤਰਦਾਤਾ ਦੇ ਨੁਮਾਇੰਦੇ ਵੱਲੋਂ ਪੇਸ਼ ਕੀਤਾ ਗਿਆ ਵਕਾਲਤ-ਨਾਮਾ ਮਿਸਲ ਤੇ ਰੱਖ ਲਿਆ ਗਿਆ ਸੀ। ਉੱਤਰਦਾਤਾ ਦੇ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਐਸ.ਕੇ. ਸੰਧੀਰ, ਐਡਵੋਕੇਟ ਨੇ ਆਪਣਾ ਜਵਾਬ, ਮਿਤੀ 10-09-2019 ਪੇਸ਼ ਕਰਦੇ ਹੋਏ ਕਿਹਾ ਕਿ ਸ਼ਿਕਾਇਤਕਰਤਾ ਆਰ.ਟੀ.ਆਈ. ਐਕਟ ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ।ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉਸ ਨੇ ਇਸ ਸਬੰਧੀ ਕਿਹਾ ਕਿ ਉਹ ਕੇਵਲ ਨੁਕਤਾ ਨੰ:1,2 ਅਤੇ 3 ਸਬੰਧੀ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਬਾਕੀ ਨੁਕਤਿਆਂ ਬਾਰੇ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਨੁਕਤਾ ਨੰ:5 ਅਤੇ 6 ਬਾਰੇ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬ਼ਖਸ਼ ਪਾਇਆ ਗਿਆ ਹੈ। ਨੁਕਤਾ ਨੰ:4 ਅਨੁਸਾਰ ਮੰਗੀ ਗਈ ਸੂਚਨਾ ਵਿਅਰਥ (Vague) ਹੈ, ਇਸ ਨੁਕਤੇ ਬਾਰੇ ਸ਼ਿਕਾਇਤਕਰਤਾ ਨੂੰ ਆਪਣਾ ਜਵਾਬ ਪੇਸ਼ ਕਰਨ ਦੀ ਹਦਾਇਤ ਕੀਤੀ ਜਾਂਦੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸਪੱਸ਼ਟ ਕੀਤਾ ਜਾਵੇ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਪ੍ਰਾਪਤ ਹੋਣ ਉਪਰੰਤ ਉਸ ਨੂੰ ਸਭ ਤੋਂ ਪਹਿਲ ਪੱਤਰ ਕਦੋਂ ਲਿਖਿਆ ਗਿਆ ਸੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 15-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 10 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਖੁਸ਼ਦੀਪ ਗੋਇਲ, (79736-42151)
ਮਕਾਨ ਨੰ:2061,
ਅਰਬਨ ਐਸਟੇਟ ਫੇਸ-2, ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਵਿੱਦਿਆ ਭਵਨ, ਫੇਸ-8, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ) ਪੰਜਾਬ,
ਵਿੱਦਿਆ ਭਵਨ, ਫੇਸ-8, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 2035/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋ ਵੀ ਕੋਈ ਨਹੀਂ ।

**ਹਕਮ:**

ਪਿਛਲੀ ਪੇਸ਼ੀ, ਮਿਤੀ 20-08-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 19-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਮੀਨਾਕਸ਼ੀ, ਸੀਨੀਅਰ ਸਹਾਇਕ ਨੇ ਪੱਤਰ ਨੰ:58 ਸੇ(ਆਰ)-20/8-2019 ਸੇਵਾਵਾਂ(6)/2744, ਮਿਤੀ 19-08-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਵੱਲੋ ਆਪਣੇ ਪੱਤਰ ਨੰ:29 ਸੇ(ਆਰ)-20/8-2019 ਸੇਵਾਵਾਂ(6)/2456, ਮਿਤੀ 02-07-2019 ਰਾਹੀਂ ਅਪੀਲਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਤੀਜੀ ਧਿਰ ਨਾਲ ਹੋਣ ਕਾਰਨ ਮਹੱਈਆ ਨਹੀਂ ਕਰਵਾਈ ਜਾ ਸਕਦੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 01-04-2919 ਦਾ ਜਵਾਬ ਮਿਤੀ 02-07-2019 ਨੂੰ ਭੇਜਿਆ ਗਿਆ ਸੀ ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਅਨੁਸਾਰ ਅਪੀਲਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਜਵਾਬ ਭੇਜਣਾ ਬਣਦਾ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਅਪੀਲਕਰਤਾ ਨੂੰ ਜਵਾਬ ਲੇਟ ਭੇਜਣ ਬਾਰੇ ਸਥਿਤੀ ਸਪੱਸ਼ਟ ਕੀਤੀ ਜਾਵੇ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 09-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਕੇਸ ਦਾ ਮੈਰਿਟ ਦੇ ਅਧਾਰ ਤੇ ਫੈਸਲਾ ਕਰਨ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਵੀ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 10-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਦੋਵਾਂ ਧਿਰਾਂ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਉਨ੍ਹਾਂ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 09-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 10 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਕਸ਼ਮੀਰ ਸਿੰਘ,
5, ਕਸ਼ਮੀਰ ਐਵਨਿਊ, ਫਤਿਹ ਚੱਕ ਗੇਟ,
ਤਰਨ ਤਾਰਨ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਮੁੱਖ ਸਕੱਤਰ, ਮੈਡੀਕਲ ਸਿੱਖਿਆ ਅਤੇ ਖੋਜ, ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਮੁੱਖ ਸਕੱਤਰ, ਮੈਡੀਕਲ ਸਿੱਖਿਆ ਅਤੇ ਖੋਜ, ਪੰਜਾਬ,
ਚੰਡੀਗੜ੍ਹ।

-------ਉੱਤਰਦਾਤਾ

**ਅਪੀਲ ਕੇਸ ਨੰ:2047 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਦਵਿੰਦਰ ਸਿੰਘ, ਸੀਨੀਅਰ ਸਹਾਇਕ (80542-34530)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 09-12-2017, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਮੈਡੀਕਲ ਸਿੱਖਿਆ ਅਤੇ ਖੋਜ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ ਨੰ:ਨਿੱਲ, ਮਿਤੀ 08-06-2017 ਤੇ ਲਏ ਗਏ ਫੈਸਲੇ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 20-08-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਦਵਿੰਦਰ ਸਿੰਘ, ਸੀਨੀਅਰ ਸਹਾਇਕ ਹਾਜ਼ਰ ਨੇ ਪੱਤਰ ਨੰ:11/88/2017- 2ਸਸ3/6458, ਮਿਤੀ 19-08-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਵੱਲੋ ਆਪਣੇ ਪੱਤਰ ਨੰ:1/11/2017-2ਸਸ3/5368, ਮਿਤੀ 21-08-2018 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਕਮਿਸ਼ਨ ਨੂੰ ਪੇਸ਼ ਕੀਤੇ ਗਏ ਪੱਤਰ ਦੀ ਕਾਪੀ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ਼ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਜੇਕਰ ਸੂਚਨਾ ਵਿੱਚ ਕੋਈ ਤਰੁੱਟੀ ਪਾਈ ਜਾਂਦੀ ਹੈ ਤਾਂ ਉਸ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਦਵਿੰਦਰ ਸਿੰਘ, ਸੀਨੀਅਰ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**2047 /2019

ਸਹਾਇਕ ਨੇ ਆਪਣੇ ਲਿਖਤੀ ਬਿਆਨ, ਮਿਤੀ 10-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਹੈ ਕਿ ਉਨ੍ਹਾਂ ਵੱਲੋਂ ਕਮਿਸ਼ਨ ਦੇ ਹੁਕਮ, 20-08-2019 ਅਨੁਸਾਰ ਅਪੀਲਕਰਤਾ ਨੂੰ ਮਿਤੀ 22-08-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਦੁਬਾਰਾ ਭੇਜੀ ਜਾ ਚੁੱਕੀ ਹੈ ਪਰੰਤੂ ਅਪੀਲਕਰਤਾ ਵੱਲੋਂ ਅਜੇ ਤੱਕ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਕੋਈ ਤਰੁੱਟੀ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਨਹੀਂ ਕੀਤਾ ਗਿਆ। ਇਸ ਲਈ ਹਾਜ਼ਰ ਉੱਤਰਦਾਤਾ ਵੱਲੋਂ ਅਪੀਲ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਾਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 10 **ਸਤੰਬਰ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**